ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਕੋਰੋਨਾ ਖਿਲਾਫ ਜੰਗ : ਸੈਲਫ ਹੈਲਪ ਗਰੁੱਪਾਂ ਵੱਲੋਂ ਆਰਸੇਟੀ ਵਿਖੇ ਤਿਆਰ ਕੀਤੇ 15 ਹਜ਼ਾਰ ਮਾਸਕ ਡਿਪਟੀ ਕਮਿਸ਼ਨਰ ਨੂੰ ਸੌਂਪੇ

ਐਸ.ਬੀ.ਆਈ. ਅਤੇ ਪੰਜਾਬ ਐਂਡ ਸਿੰਧ ਬੈਂਕ ਦੇ ਸਹਿਯੋਗ ਨਾਲ ਕੀਤਾ ਗਿਆ ਉਪਰਾਲਾ

ਲੋੜਵੰਦਾਂ ਨੂੰ ਵੰਡੇ ਜਾਣਗੇ ਮਾਸਕ

ਫਤਹਿਗੜ੍ਹ ਸਾਹਿਬ, 21 ਮਈ

ਐਸ.ਬੀ.ਆਈ. ਅਤੇ ਪੰਜਾਬ ਅਤੇ ਸਿੰਧ ਬੈਂਕ ਦੇ ਸਹਿਯੋਗ ਨਾਲ ਆਰਸੇਟੀ ਵਿਖੇ ਸੈਲਫ ਹੈਲਪ ਗਰੁੱਪਾਂ ਵੱਲੋਂ ਤਿਆਰ ਕੀਤੇ ਕਰੀਬ 15 ਹਜ਼ਾਰ ਮਾਸਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੂੰ ਉਨ੍ਹਾਂ ਦੇ ਦਫਤਰ ਵਿਖੇ ਸੌਂਪੇ ਗਏ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕਿਹਾ ਕਿ ਐਸ.ਬੀ.ਆਈ ਅਤੇ ਪੰਜਾਬ ਐਂਡ ਸਿੰਧ ਬੈਂਕ ਵੱਲੋਂ ਸੈਲਫ ਹੈਲਪ ਗਰੁੱਪਾਂ ਜ਼ਰੀਏ ਜੋ ਇਹ ਉਪਰਾਲਾ ਕੀਤਾ ਗਿਆ ਹੈ, ਉਹ ਸ਼ਲਾਘਾਯੋਗ ਹੈ। ਉਨ੍ਹਾਂ ਦੱਸਿਆ ਕਿ ਆਰਸੇਟੀ ਵਿਖੇ ਸੈਲਫ ਹੈਲਪ ਗਰੁੱਪਾਂ ਵੱਲੋਂ ਮਿਆਰੀ ਮਾਸਕ ਤਿਆਰ ਕੀਤੇ ਗਏ ਹਨ। ਜਿਨ੍ਹਾਂ ਦੀ ਵਰਤੋਂ ਗਰਮੀਆਂ ਵਿਚ ਵੀ ਸੌਖਿਆਂ ਕੀਤੀ ਜਾ ਸਕਦੀ ਹੈ ਅਤੇ ਇਨ੍ਹਾਂ ਨੂੰ ਧੋ ਕੇ ਮੁੜ ਵਰਤਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਲੋੜਵੰਦਾਂ ਨੂੰ ਇਹ ਮਾਸਕ ਵੰਡੇ ਜਾਣਗੇ।
ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕਿਹਾ ਕਿ ਕੋਰੋਨਾ ਖਿਲਾਫ ਜੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਅਹਿਮ ਭੂਮਿਕਾ ਨਿਭਾਈ ਹੈ ਅਤੇ ਹੁਣ ਤੱਕ ਜ਼ਿਲ੍ਹੇ ਸਬੰਧੀ ਪਾਜੇਟਿਵ ਪਾਏ ਗਏ 56 ਕੇਸਾਂ ਵਿੱਚੋਂ 54 ਵਿਅਕਤੀ ਡਿਸਚਾਰਜ ਹੋ ਕੇ ਆਪਣੇ ਘਰਾਂ ਨੂੰ ਪਰਤ ਚੁੱਕੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਵਰਤੋਂ ਯਕੀਨੀ ਬਣਾਈ ਜਾਵੇ ਅਤੇ ਆਪਣੀ ਜੀਵਨ ਜਾਚ ਵਿੱਚ ਮੂੰਹ ਢੱਕ ਕੇ ਰੱਖਣ ਅਤੇ ਸਮਾਜਿਕ ਵਿੱਥ ਰੱਖਣੀ ਯਕੀਨੀ ਬਣਾਈ ਜਾਵੇ।
ਇਸ ਉਪਰਾਲੇ ਸਬੰਧੀ ਗੱਲਬਾਤ ਕਰਦਿਆਂ ਲੀਡ ਜ਼ਿਲ੍ਹਾ ਮੈਨੇਜ਼ਰ ਜਸਵੰਤ ਸਿੰਘ ਨੇ ਦੱਸਿਆ ਕਿ ਇਸ ਉਪਰਾਲੇ ਸਦਕਾ ਜਿੱਥੇ ਲੋੜਵੰਦਾਂ ਨੂੰ ਮਾਸਕ ਮੁਹੱਈਆ ਕਰਵਾਏ ਜਾਣਗੇ। ਉੱਥੇ ਇਸ ਨਾਲ ਸੈਲਫ ਹੈਲਪ ਗਰੁੱਪਾਂ ਦੇ ਮੈਂਬਰਾਂ ਲਈ ਆਮਦਨ ਦਾ ਜ਼ਰੀਆ ਵੀ ਬਣਿਆ ਹੈ ਅਤੇ ਮਾਸਕ ਬਣਾਉਣ ਲਈ ਸੈਲਫ ਹੈਲਪ ਗਰੁੱਪਾਂ ਦੇ ਮੈਂਬਰਾਂ ਨੂੰ ਬਕਾਇਦਾ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਨੇ ਇਸ ਉਪਰਾਲੇ ਸਬੰਧੀ ਖੇਤਰੀ ਮੈਨੇਜਰ ਐਸ.ਬੀ.ਆਈ. ਵਿਨੋਦ ਅਰੋੜਾ ਦਾ ਧੰਨਵਾਦ ਕੀਤਾ। ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਜਸਪ੍ਰੀਤ ਸਿੰਘ, ਐਸ ਡੀ ਐਮ ਬਸੀ ਪਠਾਣਾ ਪਵਿੱਤਰ ਸਿੰਘ, ਡਿਪਟੀ ਜਨਰਲ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਜਤਿੰਦਰ ਕੁਮਾਰ, ਅਸਿਸਟੈਂਟ ਜਨਰਲ ਮੈਨੇਜਰ ਐਸ.ਬੀ.ਆਈ. ਹਰੀਸ਼ ਵਧਾਵਨ ਹਾਜ਼ਰ ਸਨ। ਇਹ ਮਾਸਕ ਤਿਆਰ ਕਰਵਾਉਣ ਵਿੱਚ ਆਰਸੇਟੀ ਫਤਹਿਗੜ੍ਹ ਸਾਹਿਬ ਦੇ ਡਾਇਰੈਕਟਰ ਏ.ਸੀ. ਸ਼ਰਮਾਂ ਨੇ ਵੀ ਅਹਿਮ ਭੂਮਿਕਾ ਨਿਭਾਈ।
ਫੋਟੋ ਕੈਪਸ਼ਨ : ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੂੰ ਮਾਸਕ ਸੌਂਪਦੇ ਹੋਏ ਬੈਂਕ ਅਧਿਕਾਰੀ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਝੋਨੇ ਦੀ ਸਿੱਧੀ ਬਿਜਾਈ ਨਾਲ ਹੋਵੇਗੀ ਪਾਣੀ ਦੀ ਬੱਚਤ

ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਪ੍ਰੇਰਿਆ

ਆਤਮਾ ਸਕੀਮ ਅਧੀਨ ਝੋਨੇ ਦੀ ਸਿੱਧੀ ਬਿਜਾਈ ਦੀ ਪ੍ਰਦਰਸ਼ਨੀ ਕਰਵਾਈ

ਫਤਹਿਗੜ੍ਹ ਸਾਹਿਬ, 21 ਮਈ

ਡਾ. ਇੰਦਰਪਾਲ ਸਿੰਘ ਸੰਧੂ, ਮੁੱਖ ਖੇਤੀਬਾੜੀ ਅਫਸਰ, ਫਤਹਿਗੜ੍ਹ ਸਾਹਿਬ ਨੇ ਦੱਸਿਆ ਕਿ ਜਿਲ੍ਹੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨਾਂ ਵਿੱਚ ਕਾਫੀ ਉਤਸ਼ਾਹ ਦੇਖਿਆ ਜਾ ਰਿਹਾ ਹੈ। ਇਸ ਸਬੰਧੀ ਕਿਸਾਨ ਸ੍ਰੀ ਪ੍ਰਹਿਲਾਦ ਸਿੰਘ, ਪਿੰਡ- ਦਾਦੂ ਮਾਜਰਾ, ਬਲਾਕ ਖੇੜਾ ਨੇ ਝੋਨੇ ਦੀ ਸਿੱਧੀ ਬਿਜਾਈ ਦੀ ਨਵੀਂ ਮਸ਼ੀਨ ਖਰੀਦੀ ਹੈ, ਜਿਸ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਫਤਹਿਗੜ੍ਹ ਸਾਹਿਬ ਵੱਲੋਂ ਇਸ ਕਿਸਾਨ ਨੂੰ 40 ਫੀਸਦੀ ਸਬਸਿਡੀ ਦਿੱਤੀ ਜਾਵੇਗੀ।
ਡਾ.ਸੰਧੂ ਨੇ ਦੱਸਿਆ ਕਿ ਇਸ ਕਿਸਾਨ ਦੇ ਖੇਤ ਵਿੱਚ ਆਤਮਾ ਸਕੀਮ ਅਧੀਨ ਝੋਨੇ ਦੀ ਸਿੱਧੀ ਬਿਜਾਈ ਦੀ ਪ੍ਰਦਰਸ਼ਨੀ ਕਰਵਾਈ ਗਈ। ਉਨ੍ਹਾਂ ਨੇ ਦੱਸਿਆ ਕਿ ਆਤਮਾ ਸਕੀਮ ਅਧੀਨ ਲਗਭਗ 100 ਪ੍ਰਦਰਸ਼ਨੀ ਪਲਾਟ ਬਿਜਵਾਏ ਜਾਣਗੇ। ਉਨ੍ਹਾਂ ਨੇ ਕਿਹਾ ਕਿ ਬਿਜਾਈ ਦੇ ਤੁਰੰਤ ਬਾਅਦ ਨਦੀਨ ਨਾਸ਼ਕ ਦੀ ਸਪਰੇਅ ਕਰ ਦਿੱਤੀ ਜਾਵੇ। ਇਸ ਨਾਲ ਪਾਣੀ ਦੀ ਬੱਚਤ ਤਾਂ ਹੁੰਦੀ ਹੈ ਅਤੇ ਨਦੀਨ ਵੀ ਘੱਟ ਜੰਮਦੇ ਹਨ। ਡਾ ਹਰਸੰਗੀਤ ਸਿੰਘ, ਖੇਤੀਬਾੜੀ ਅਫਸਰ, ਖੇੜਾ ਨੇ ਦੱਸਿਆ ਕਿ ਕਿਸਾਨਾਂ ਨੂੰ ਘੱਟ ਸਮਾਂ ਲੈਣ ਵਾਲੀਆਂ ਅਤੇ ਤਸਦੀਕਸੁਦਾ ਕਿਸਮਾਂ ਦੀ ਬਿਜਾਈ ਕਰਨ ਨੂੰ ਤਰਜੀਹ ਦੇਣੀ ਚਾਹੀਦੀ। ਡਾ. ਸੰਧੂ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਲਈ 8-10 ਕਿਲੋ ਬੀਜ ਪ੍ਰਤੀ ਏਕੜ ਪਾਇਆ ਜਾਵੇ। ਝੋਨੇ ਦੀ ਸਿੱਧੀ ਬਿਜਾਈ ਨਾਲ ਕੱਦੂ ਕੀਤੇ ਝੋਨੇ ਦੇ ਮੁਕਾਬਲੇ ਲਗਭਗ 20-25 ਫੀਸਦੀ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ।
ਡਾ. ਸੰਧੂ ਨੇ ਦੱਸਿਆ ਕਿ ਜੇਕਰ ਕਿਸਾਨਾਂ ਕੋਲ ਝੋਨੇ ਦੀ ਸਿੱਧੀ ਬਿਜਾਈ ਵਾਲੀ ਮਸ਼ੀਨ ਨਹੀਂ ਹੈ ਤਾਂ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਜ਼ੀਰੋ ਟਿੱਲ ਡਰਿੱਲ ਜਾਂ ਹੈਪੀ ਸੀਡਰ ਵਿੱਚ ਥੋੜੀ ਤਬਦੀਲੀ ਕਰਕੇ ਝੋਨੇ ਦੀ ਸਿੱਧੀ ਬਿਜਾਈ ਕੀਤੀ ਜਾ ਸਕਦੀ ਹੈ। ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਜਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ ਅਤੇ ਕਿਉਂਕਿ ਰਵਾਇਤੀ ਝੋਨੇ ਦੀ ਬਿਜਾਈ ਕਾਰਨ ਪਾਣੀ ਖੜ੍ਹਾ ਰਹਿੰਦਾ ਹੈ, ਜਿਸ ਨਾਲ ਜ਼ਮੀਨ ਹੇਠ ਸਖਤ ਤਹਿ ਬਣ ਜਾਂਦੀ ਹੈ। ਇਸ ਮੌਕੇ ਡਾ ਜਤਿੰਦਰ ਸਿੰਘ ਡੀ.ਪੀ.ਡੀ, ਸ੍ਰੀ ਸੁਖਦੇਵ ਸਿੰਘ ਖੇਤੀਬਾੜੀ ਉੱਪ ਨਿਰੀਖਕ, ਸ੍ਰੀ ਰਾਜਵੀਰ ਸਿੰਘ ਏ.ਟੀ.ਐਮ ਅਤੇ ਪਿੰਡ ਦੇ ਕਿਸਾਨ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਤਹਿਗੜ੍ਹ ਸਾਹਿਬ
ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਦੀ ਵਰਤੋਂ ਕਰਦਿਆਂ ਆਮ ਵਾਂਗ ਸ਼ੁਰੂ ਹੋਇਆ ਜਨਜੀਵਨ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਨੂੰ ਫੈਲਣ ਤੋਂ ਰੋਕਣ ਲਈ ਉਪਰਾਲੇ ਲਗਾਤਾਰ ਜਾਰੀ

ਕੋਰੋਨਾ ਤੋਂ ਬਚਾਅ ਸਬੰਧੀ ਲੋਕਾਂ ਨੂੰ ਲਗਾਤਾਰ ਕੀਤਾ ਜਾ ਰਿਹਾ ਹੈ ਜਾਗਰੂਕ

ਲੋੜਵੰਦਾਂ ਤੱਕ ਸਾਰੀਆਂ ਲੋੜੀਂਦੀਆਂ ਚੀਜ਼ਾਂ ਪੁੱਜਦੀਆਂ ਕਰਨੀਆਂ ਯਕੀਨੀ ਬਣਾਈਆ

ਪਰਵਾਸੀਆਂ ਨੂੰ ਵਿਸ਼ੇਸ਼ ਰੇਲਗੱਡੀਆਂ ਅਤੇ ਬੱਸਾ ਜ਼ਰੀਏ ਉਨ੍ਹਾਂ ਦੇ ਜੱਦੀ ਸੂਬਿਆਂ ਨੂੰ ਭੇਜਿਆ

ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 399 ਕਰੋੜ ਰੁਪਏ ਜਾਰੀ
ਫਤਹਿਗੜ੍ਹ ਸਾਹਿਬ , 21 ਮਈ
ਕਰੋਨਾ ਵਰਗੀ ਭਿਆਨਕ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਅਤੇ ਇਸ ਦੇ ਪ੍ਰਭਾਵ ਨੂੰ ਘੱਟ ਕਰਨ ਲਈ ਪੰਜਾਬ ਵਿੱਚ 23 ਮਾਰਚ ਤੋਂ ਲੱਗੇ ਕਰਫਿਊ ਅਤੇ 17 ਮਈ ਉਪਰੰਤੋਂ ਕਰਫਿਊ ਨੂੰ ਲਾਕਡਾਨ (ਤਾਲਾਬੰਦੀ) ਵਿੱਚ ਬਦਲਨ ਅਤੇ ਲੋਕਾਂ ਨੂੰ ਆਪਣੇ ਰੋਜ਼ਮਰਾ ਦੇ ਕੰਮਾਂ, ਜ਼ਰੂਰੀ ਵਸਤਾਂ ਦੀ ਖਰੀਦੋ ਫਰੋਖਤ, ਜ਼ਰੂਰੀ ਸਾਮਾਨ ਦੀ ਸਪਲਾਈ ,ਖੇਤੀਬਾੜੀ ਸਮੇਤ ਉਦਯੋਗ ਅਤੇ ਹੋਰ ਸੈਕਟਰਾਂ ਨੂੰ ਕੰਮ ਕਰਨ ਲਈ ਵੱਡੀ ਰਾਹਤ ਦਿੱਤੀ ਗਈ ਹੈ, ਜਿਸ ਮਗਰੋਂ ਸਮੁੱਚੀ ਜ਼ਿੰਦਗੀ ਮੁੜ ਆਪਣੀ ਪਟੜੀ ਤੇ ਆਉਣੀ ਸ਼ੁਰੂ ਹੋ ਗਈ ਹੈ, ਹਾਲਾਂਕਿ ਰਾਤ 07:00 ਵਜੇ ਤੋਂ ਸਵੇਰੇ 07:00 ਵਜੇ ਤੱਕ ਕਰਫਿਊ ਜਾਰੀ ਹੈ।
ਇਸ ਸਬੰਧੀ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਉਪਰਾਲੇ ਲਗਾਤਾਰ ਜ਼ਾਰੀ ਹਨ ਅਤੇ ਲੋਕਾਂ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਉਣ ਲਈ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਜ਼ਿਲ੍ਹੇ ਵਿੱਚ ਹੁਣ ਤੱਕ ਸਾਹਮਣੇ ਆਏ ਕੋਰੋਨਾ ਦੇ 56 ਕੇਸਾਂ ਵਿਚੋਂ 54 ਨੂੰ ਡਿਸਚਾਰਜ ਕਰ ਦਿੱਤਾ ਗਿਆ ਹੈ। ਬਾਹਰਲੇ ਸੂਬਿਆਂ ਜਾਂ ਵਿਦੇਸ਼ਾਂ ਵਿੱਚੋਂ ਪਰਤਣ ਵਾਲੇ ਜ਼ਿਲ੍ਹੇ ਨਾਲ ਸਬੰਧਤ ਵਿਅਕਤੀਆਂ ਨੂੰ ਮੈਡੀਕਲ ਜਾਂਚ ਉਪਰੰਤ ਇਕਾਂਤਵਾਸ ਕੀਤਾ ਜਾਂਦਾ ਹੈ ਅਤੇ ਇਹ ਗੱਲ ਯਕੀਨੀ ਬਣਾਈ ਜਾਂਦੀ ਹੈ ਕਿ ਇਕਾਂਤਵਾਸ ਦੌਰਾਨ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਵੇ।
ਖੇਤੀਬਾੜੀ ਸੈਕਟਰ ਲਈ ਪੰਜਾਬ ਸਰਕਾਰ ਵੱਲੋਂ ਕਣਕ ਦੀ ਵਾਢੀ ਦੇ ਸੀਜ਼ਨ ਦੌਰਾਨ ਕਰਫਿਊ ਵਿੱਚ ਵੀ ਵਿਸ਼ੇਸ਼ ਛੋਟਾਂ ਦੇ ਕੇ ਅਤੇ ਮੰਡੀਆਂ ਦੇ ਵਿੱਚ ਸਮਾਜਿਕ ਦੂਰੀ ਦਾ ਖਿਆਲ ਰੱਖਦਿਆਂ ਪਾਸ ਸਿਸਟਮ ਲਾਗੂ ਕਰਕੇ ਕਣਕ ਦੀ ਨਿਰਵਿਘਨ ਖ਼ਰੀਦ ਕਰਵਾਈ ਗਈ ।ਕਿਸਾਨਾਂ ,ਆੜ੍ਹਤੀਆਂ ਮਜ਼ਦੂਰਾਂ ਨੂੰ ਕਣਕ ਦੀ ਖਰੀਦ ,ਵੇਚ ,ਲਿਫਟਿੰਗ ਅਤੇ ਪੇਮੈਂਟ ਸਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾ ਰਹੀ । ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 02 ਲੱਖ 19 ਹਜ਼ਾਰ 517 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 02 ਲੱਖ 18 ਹਜ਼ਾਰ 609 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਖਰੀਦੀ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 399 ਕਰੋੜ ਰੁਪਏ ਜਾਰੀ ਕੀਤੇ ਗਏ ਹਨ ਅਤੇ ਮੰਡੀਆਂ ਵਿੱਚੋ 01 ਲੱਖ 88 ਹਜਾਰ 534 ਮੀਟਰਕ ਟਨ ਕਣਕ ਦੀ ਲਿਫਟਿੰਗ ਕਰਵਾਈ ਜਾ ਚੁੱਕੀ ਹੈ। ਪੈਟਰੋਲ ਪੰਪ ਆਮ ਵਾਂਗ ਖੁੱਲ੍ਹੇ ਹਨ ਜਦ ਕਿ ਬਹੁਤ ਜ਼ਰੂਰੀ ਵਸਤਾਂ ਦੁੱਧ ਸਬਜ਼ੀਆਂ ਦੀ ਸਪਲਾਈ ਲੋਕਾਂ ਨੂੰ ਘਰਾਂ ਤੱਕ ਹੋ ਰਹੀ ਹੈ ਅਤੇ ਇਸ ਤੋਂ ਇਲਾਵਾ ਲੋਕ ਆਮ ਵਾਂਗ ਜ਼ਰੂਰੀ ਵਸਤਾਂ ਦੀ ਖ਼ਰੀਦੋ ਫ਼ਰੋਖ਼ਤ ਅਤੇ ਹੋਰ ਕੰਮਾਂ ਲਈ ਬਾਜ਼ਾਰਾਂ ਵਿੱਚ ਜਾ ਰਹੇ ਹਨ। ਜ਼ਿਲ੍ਹੇ ਵਿੱਚੋਂ ਆਪਣੇ ਜੱਦੀ ਸੂਬਿਆਂ ਨੂੰ ਜਾਣ ਦੇ ਇੱਛੁਕ ਵਿਅਕਤੀਆਂ ਨੂੰ ਵਿਸੇਸ਼ ਰੇਲਗੱਡੀਆਂ ਤੇ ਬੱਸਾਂ ਰਾਹੀਂ ਉਨ੍ਹਾਂ ਦੇ ਜੱਦੀ ਸੂਬਿਆਂ ਵਿਚ ਭੇਜਿਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਰਫਿਊ ਅਤੇ ਲਾਕਡਾਊਨ ਦੌਰਾਨ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਅਤੇ ਜ਼ਿਲ੍ਹਾ ਵਾਸੀਆਂ ਵੱਲੋਂ ਜ਼ਿਲ੍ਹਾ ਪ੍ਰਸਾਸ਼ਨ ਨੂੰ ਵੱਡੇ ਪੱਧਰ ਉਤੇ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਅਪਣਾ ਕੇ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਕੇ ਕੋਰੋਨਾ ਖਿਲਾਫ ਜੰਗ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦਿੱਤਾ ਜਾਵੇ।
ਫੋਟੋ ਕੈਪਸ਼ਨ : ਡਿਪਟੀ ਕਮਿਸਨਰ ,ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਕੋਰੋਨਾ ਤੋਂ ਬਚਾਅ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੰਦੇ ਹੋਏ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਚ ਐਲਾਨੇ ਹੌਟ ਸਪੌਟ/ਕੰਟੇਨਮੈਂਟ ਜ਼ੋਨ ਖਤਮ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹੁਕਮ ਜਾਰੀ

ਫਤਹਿਗੜ੍ਹ ਸਾਹਿਬ, 21 ਮਈ

ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ ਕੋਰੋਨਾ ਸਬੰਧੀ ਕੇਸ ਸਾਹਮਣੇ ਆਉਣ ਦੇ ਜ਼ਿਲ੍ਹੇ ਅੰਦਰ ਪੈਂਦੇ ਸਬੰਧਤ ਪਿੰਡਾਂ/ਸਥਾਨਾਂ ਨੂੰ ਹੌਟ ਸਪੌਟ/ਕੰਟੇਨਮੈਂਟ ਜ਼ੋਨ ਐਲਾਨਿਆ ਗਿਆ ਸੀ। ਸਿਵਲ ਸਰਜਨ ਵੱਲੋਂ ਆਪਣੇ ਪੱਤਰ ਰਾਹੀਂ ਬੇਨਤੀ ਕੀਤੀ ਗਈ ਸੀ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਚ ਪਿਛਲੇ ਦਿਨਾਂ ਵਿੱਚ ਕੋਈ ਕੋਰੋਨਾ ਪਾਜੇਟਿਵ ਕੇਸ ਨਹੀਂ ਆਇਆ ਜਿਸ ਕਾਰਨ  ਜ਼ਿਲ੍ਹੇ ਵਿੱਚ ਐਲਾਨੇ ਗਏ ਹੌਟ ਸਪੌਟ/ਕੰਟੇਨਮੈਂਟ ਜ਼ੋਨ ਖਤਮ ਕੀਤੇ ਜਾਣ। ਇਸ ਦੇ ਮੱਦਨਜ਼ਰ ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਜ਼ਿਲ੍ਹੇ ਵਿੱਚ ਐਲਾਨੇ ਹੌਟ ਸਪੌਟ/ਕੰਟੇਨਮੈਂਟ ਜ਼ੋਨ ਖਤਮ ਕਰਨ ਦੇ ਹੁਕਮ ਜਾਰੀ ਕੀਤੇ ਹਨ।